# ਤ੍ਵ ਪ੍ਰਸਾਦਿ ਸਵੱਯੇ

ੴ ਵਾਹਿਗੁਰੂ ਜੀ ਕੀ ਫਤਹ ॥

ਪਾਤਿਸ਼ਾਹੀ ੧੦॥

ਤ੍ਵ ਪ੍ਰਸਾਦਿ ਸਵੱਯੇ

ਸ੍ਰਾਵਗ ਸੁੱਧ ਸਮੂਹ ਸਿਧਾਨ ਕੇ ਦੇਖਿ ਫਿਰਿਓ ਘਰ ਜੋਗ ਜਤੀ ਕੇ ॥

ਸੂਰ ਸੁਰਾਰਦਨ ਸੁੱਧ ਸੁਧਾਦਿਕ ਸੰਤ ਸਮੂਹ ਅਨੇਕ ਮਤੀ ਕੇ ॥

ਸਾਰੇ ਹੀ ਦੇਸ ਕੋ ਦੇਖਿ ਰਹਿਓ ਮਤ ਕੋਊ ਨ ਦੇਖੀਅਤ ਪ੍ਰਾਨਪਤੀ ਕੇ ॥

ਸ੍ਰੀ ਭਗਵਾਨ ਕੀ ਭਾਇ ਕ੍ਰਿਪਾ ਹੂ ਤੇ ਏਕ ਰਤੀ ਬਿਨੁ ਏਕ ਰਤੀ ਕੇ

॥੧॥

ਮਾਤੇ ਮਤੰਗ ਜਰੇ ਜਰ ਸੰਗ ਅਨੂਪ ਉਤੰਗ ਸੁਰੰਗ ਸਵਾਰੇ ॥

ਕੋਟ ਤੁਰੰਗ ਕੁਰੰਗ ਸੇ ਕੂਦਤ ਪਉਨ ਕੇ ਗਉਨ ਕੋ ਜਾਤ ਨਿਵਾਰੇ ॥

ਭਾਰੀ ਭੁਜਾਨ ਕੇ ਭੂਪ ਭਲੀ ਬਿਧਿ ਨਿਆਵਤ ਸੀਸ ਨ ਜਾਤ ਬਿਚਾਰੇ ॥

ਏਤੇ ਭਏ ਤੁ ਕਹਾ ਭਏ ਭੂਪਤਿ ਅੰਤ ਕੌ ਨਾਂਗੇ ਹੀ ਪਾਂਇ ਪਧਾਰੇ ॥੨॥

ਜੀਤ ਫਿਰੈ ਸਭ ਦੇਸ ਦਿਸਾਨ ਕੋ ਬਾਜਤ ਢੋਲ ਮ੍ਰਿਦੰਗ ਨਗਾਰੇ ॥

ਗੁੰਜਤ ਗੂੜ ਗਜਾਨ ਕੇ ਸੁੰਦਰ ਹਿੰਸਤ ਹੀ ਹਯਰਾਜ ਹਜਾਰੇ ॥

ਭੂਤ ਭਵਿੱਖ ਭਵਾਨ ਕੇ ਭੂਪਤ ਕਉਨ ਗਨੈ ਨਹੀਂ ਜਾਤ ਬਿਚਾਰੇ ॥

ਸ੍ਰੀ ਪਤਿ ਸ੍ਰੀ ਭਗਵਾਨ ਭਜੇ ਬਿਨੁ ਅੰਤ ਕਉ ਅੰਤ ਕੇ ਧਾਮ ਸਿਧਾਰੇ

॥੩॥

ਤੀਰਥ ਨਾਨ ਦਇਆ ਦਮ ਦਾਨ ਸੁ ਸੰਜਮ ਨੇਮ ਅਨੇਕ ਬਿਸੇਖੈ ॥

ਬੇਦ ਪੁਰਾਨ ਕਤੇਬ ਕੁਰਾਨ ਜ਼ਮੀਨ ਜ਼ਮਾਨ ਸਬਾਨ ਕੇ ਪੇਖੈ ॥

ਪਉਨ ਅਹਾਰ ਜਤੀ ਜਤ ਧਾਰ ਸਬੈ ਸੁ ਬਿਚਾਰ ਹਜਾਰ ਕ ਦੇਖੈ ॥

ਸ੍ਰੀ ਭਗਵਾਨ ਭਜੇ ਬਿਨੁ ਭੂਪਤਿ ਏਕ ਰਤੀ ਬਿਨੁ ਏਕ ਨ ਲੇਖੈ ॥੪॥

ਸੁੱਧ ਸਿਪਾਹ ਦੁਰੰਤ ਦੁਬਾਹ ਸੁ ਸਾਜਿ ਸਨਾਹ ਦੁਰਜਾਨ ਦਲੈਂਗੇ ॥

ਭਾਰੀ ਗੁਮਾਨ ਭਰੇ ਮਨ ਮੈਂ ਕਰ ਪਰਬਤ ਪੰਖ ਹਲੇ ਨ ਹਲੈਂਗੇ ॥

ਤੋਰਿ ਅਰੀਨ ਮਰੋਰਿ ਮਵਾਸਨ ਮਾਤੇ ਮਤੰਗਨਿ ਮਾਨ ਮਲੈਂਗੇ ॥

ਸ੍ਰੀ ਪਤਿ ਸ੍ਰੀ ਭਗਵਾਨ ਕ੍ਰਿਪਾ ਬਿਨੁ ਤਿਆਗਿ ਜਹਾਨ ਨਿਦਾਨ ਚਲੈਂਗੇ

॥੫॥

ਬੀਰ ਅਪਾਰ ਬਡੇ ਬਰਿਆਰ ਅਬਿਚਾਰਹਿ ਸਾਰ ਕੀ ਧਾਰ ਭਛੱਯਾ ॥

ਤੋਰਤ ਦੇਸ ਮਲਿੰਦ ਮਵਾਸਨ ਮਾਤੇ ਗਜਾਨ ਕੇ ਮਾਨ ਮਲੱਯਾ ॥

ਗਾੜ੍ਹੇ ਗੜ੍ਹਾਨ ਕੇ ਤੋੜਨਹਾਰ ਸੁ ਬਾਤਨ ਹੀਂ ਚਕ ਚਾਰ ਲਵੱਯਾ ॥

ਸਾਹਿਬੁ ਸ੍ਰੀ ਸਭ ਕੋ ਸਿਰਨਾਇਕ ਜਾਚਕ ਅਨੇਕ ਸੁ ਏਕ ਦਿਵੱਯਾ

॥੬॥

ਦਾਨਵ ਦੇਵ ਫਨਿੰਦ ਨਿਸਾਚਰ ਭੂਤ ਭਵਿੱਖ ਭਵਾਨ ਜਪੈਂਗੇ ॥

ਜੀਵ ਜਿਤੇ ਜਲ ਮੈ ਥਲ ਮੈ ਪਲ ਹੀ ਪਲ ਮੈ ਸਭ ਥਾਪ ਥਪੈਂਗੇ ॥

ਪੁੰਨ ਪ੍ਰਤਾਪਨ ਬਾਢ ਜੈਤ ਧੁਨ ਪਾਪਨ ਕੇ ਬਹੁ ਪੁੰਜ ਖਪੈਂਗੇ ॥

ਸਾਧ ਸਮੂਹ ਪ੍ਰਸੰਨ ਫਿਰੈ ਜਗ ਸਤ੍ਰ ਸਭੈ ਅਵਲੋਕ ਚਪੈਂਗੇ ॥੭॥

ਮਾਨਵ ਇੰਦ੍ਰ ਗਜਿੰਦ੍ਰ ਨਰਾਧਪ ਜੌਨ ਤ੍ਰਿਲੋਕ ਕੋ ਰਾਜ ਕਰੈਂਗੇ ॥

ਕੋਟਿ ਇਸਨਾਨ ਗਜਾਦਿਕ ਦਾਨ ਅਨੇਕ ਸੁਅੰਬਰ ਸਾਜ ਬਰੈਂਗੇ ॥

ਬ੍ਰਹਮ ਮਹੇਸਰ ਬਿਸਨ ਸਚੀਪਤਿ ਅੰਤ ਫਸੇ ਜਮ ਫਾਸ ਪਰੈਂਗੇ ॥

ਜੇ ਨਰ ਸ੍ਰੀ ਪਤਿ ਕੇ ਪ੍ਰਸ ਹੈਂ ਪਗ ਤੇ ਨਰ ਫੇਰ ਨ ਦੇਹ ਧਰੈਂਗੇ ॥੮॥

ਕਹਾ ਭਯੋ ਜੋ ਦੋਊ ਲੋਚਨ ਮੂੰਦ ਕੈ ਬੈਠਿ ਰੋਹਓ ਬਕ ਧਿਆਨ
ਲਗਾਇਓ ॥
ਨ੍ਹਾਤ ਫਿਰਿਓ ਲੀਏ ਸਾਤ ਸਮੁਦ੍ਰਨਿ ਲੋਕ ਗਯੋ ਪਰਲੋਕ ਗਵਾਇਓ ॥
ਬਾਸ ਕੀਓ ਬਿਖਿਆਨ ਸੋ ਬੈਠ ਕੈ ਐਸੇ ਹੀ ਐਸੇ ਸੁ ਬੈਸ ਬਿਤਾਇਓ
॥
ਸਾਚੁ ਕਹੋਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭ ਪਾਇਓ
॥੯॥
ਕਾਹੂ ਲੈ ਪਾਹਨ ਪੂਜ ਧਰਯੋ ਸਿਰ ਕਾਹੂ ਲੈ ਲਿੰਗ ਗਰੇ ਲਟਕਾਇਓ ॥
ਕਾਹੂ ਲਖਿਓ ਹਰਿ ਅਵਾਚੀ ਦਿਸਾ ਮਹਿ ਕਾਹੂ ਪਛਾਹ ਕੋ ਸੀਸੁ
ਨਿਵਾਇਓ ॥
ਕੋਊ ਬੁਤਾਨ ਕੋ ਪੂਜਤ ਹੈ ਪਸੁ ਕੋਊ ਮ੍ਰਿਤਾਨ ਕੋ ਪੂਜਨ ਧਾਇਓ ॥
ਕੂਰ ਕ੍ਰਿਆ ਉਰਝਿਓ ਸਭ ਹੀ ਜਗ ਸ੍ਰੀ ਭਗਵਾਨ ਕੋ ਭੇਦੁ ਨ ਪਾਇਓ
॥੧੦॥

.........................

Download Other gurbanis in PDF format at http://www.sikhzone.net/Downloads/Gurbani-PDF/